ਪ੍ਰਭਾਤੀ ਮਹਲਾ ੧ ॥ ਅੰਤਰਿ ਦੇਖਿ ਸਬਦਿ ਮਨੁ ਮਾਨਿਆ ਅਵਰੁ ਨ ਰਾਂਗਨਹਾਰਾ ॥ ਅਹਿਨਿਸਿ ਜੀਆ ਦੇਖਿ ਸਮਾਲੇ ਤਿਸ ਹੀ ਕੀ ਸਰਕਾਰਾ ॥੧॥ ਮੇਰਾ ਪ੍ਰਭੁ ਰਾਂਗਿ ਘਣੌ ਅਤਿ ਰੂੜੌ ॥ ਦੀਨ ਦਇਆਲੁ ਪ੍ਰੀਤਮ ਮਨਮੋਹਨੁ ਅਤਿ ਰਸ ਲਾਲ ਸਗੂੜੌ ॥ ੧॥ ਰਹਾਉ ॥ ਊਪਰਿ ਕੂਪੁ ਗਗਨ ਪਨਿਹਾਰੀ ਅੰਮ੍ਰਿਤੁ ਪੀਵਣਹਾਰਾ ॥ ਜਿਸ ਕੀ ਰਚਨਾ ਸੋ ਬਿਧਿ ਜਾਣੈ ਗੁਰਮੁਖਿ ਗਿਆਨੁ ਵੀਚਾਰਾ ॥੨॥ ਪਸਰੀ ਕਿਰਣਿ ਰਸਿ ਕਮਲ ਬਿਗਾਸੇ ਸਸਿ ਘਰਿ ਸੂਰੁ ਸਮਾਇਆ ॥ ਕਾਲੁ ਬਿਧੁੰਸਿ ਮਨਸਾ ਮਨਿ ਮਾਰੀ ਗੁਰ ਪ੍ਰਸਾਦਿ ਪ੍ਰਭੁ ਪਾਇਆ ॥੩॥ ਅਤਿ ਰਸਿ ਰੰਗਿ ਚਲੂਲੈ ਰਾਤੀ ਦੂਜਾ ਰੰਗੁ ਨ ਕੋਈ ॥ ਨਾਨਕ ਰਸਨਿ ਰਸਾਏ ਰਾਤੇ ਰਵਿ ਰਹਿਆ ਪ੍ਰਭੁ ਸੋਈ ॥੪॥੧੫॥ {ਪੰਨਾ 1331-1332}

ਪਦ ਅਰਥ:- ਦੇਖਿ—ਵੇਖ ਕੇ। ਸਬਦਿ—ਗੁਰੂ ਦੇ ਸ਼ਬਦ ਵਿਚ (ਜੁੜ ਕੇ)। ਅਹਿ—ਦਿਨ। ਨਿਸਿ—ਰਾਤ। ਸਮਾਲੇ—ਸੰਭਾਲ ਕਰਦਾ ਹੈ। ਤਿਸ ਹੀ ਕੀ—ਉਸ (ਪਰਮਾਤਮਾ) ਦੀ ਹੀ। ਸਰਕਾਰ—ਹਕੂਮਤ, ਬਾਦਸ਼ਾਹੀ।1।

ਰਾਂਗਿ—ਰੰਗ ਵਾਲਾ। ਰਾਂਗਿ ਘਣੌ—ਗੂੜ੍ਹੇ ਰੰਗ ਵਾਲਾ। ਰੂੜੌ—ਸੋਹਣਾ। ਲਾਲ ਸਗੂੜੌ—ਗੂੜ੍ਹੇ ਨਾਲ ਰੰਗ ਵਾਲਾ। ਅਤਿ ਰਸ—ਬਹੁਤ ਰਸ ਵਾਲਾ, ਰਸਾਂ ਦਾ ਸੋਮਾ, ਪ੍ਰੇਮ ਦਾ ਸੋਮਾ।1। ਰਹਾਉ।

ਊਪਰਿ—ਉਤਾਂਹ, ਸਭ ਤੋਂ ਉੱਚਾ। ਕੂਪੁ—ਖੂਹ, ਅੰਮ੍ਰਿਤ ਦਾ ਖੂਹ, ਨਾਮ-ਅੰਮ੍ਰਿਤ ਦਾ ਸੋਮਾ-ਪਰਮਾਤਮਾ। ਗਗਨ—ਆਕਾਸ਼, ਚਿਦਾਕਾਸ਼, ਦਸਵਾਂ ਦੁਆਰ। ਗਗਨ ਪਨਿਹਾਰੀ—ਗਗਨ ਦਾ ਪਨਿਹਾਰੀ, ਗਗਨ ਦਾ ਪਾਣੀ ਭਰਨ ਵਾਲਾ, ਉੱਚੀ ਬ੍ਰਿਤੀ ਵਾਲਾ। ਬਿਧਿ—ਤਰੀਕਾ, ਨਾਮ-ਅੰਮ੍ਰਿਤ ਪਿਲਾਣ ਦਾ ਤਰੀਕਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਗਿਆਨੁ—ਜਾਣ-ਪਛਾਣ, ਡੂੰਘੀ ਸਾਂਝ।2।

ਪਸਾਰੀ—ਖਿਲਾਰੀ। ਰਸਿ—ਰਸ ਨਾਲ, ਆਨੰਦ ਨਾਲ। ਬਿਗਾਸੇ—ਖਿੜਦੇ ਹਨ। ਸਸਿ—ਚੰਦ੍ਰਮਾ, ਸੀਤਲਤਾ; ਮਨ ਦੀ ਸ਼ਾਂਤ ਅਵਸਥਾ। ਸਸਿ ਘਰਿ—ਚੰਦ੍ਰਮਾ ਦੇ ਘਰ ਵਿਚ। ਸੂਰੁ—ਸੂਰਜ, ਤਪਸ਼, ਤਾਮਸੀ ਸੁਭਾਉ। ਕਾਲੁ—ਮੌਤ (ਦਾ ਡਰ)। ਬਿਧੁੰਸਿ—ਮਾਰ ਕੇ। ਮਨਸਾ—ਮਨ ਦਾ ਫੁਰਨਾ, ਮਾਇਕ ਫੁਰਨਾ। ਮਨਿ—ਮਨ ਵਿਚ।3।

ਰਸਿ—ਰਸ ਵਿਚ, ਪਿਆਰ ਵਿਚ, ਆਨੰਦ ਵਿਚ। ਚਲੂਲੈ ਰੰਗਿ—ਗੂੜ੍ਹੇ ਰੰਗ ਵਿਚ। ਰਾਤੀ—ਰੰਗੀ ਹੋਈ। ਰਸਨਿ—ਜੀਭ। ਰਸਾਏ—ਜਿਨ੍ਹਾਂ ਨੇ ਰਸ ਵਾਲੀ ਬਣਾਇਆ ਹੈ।4।

ਅਰਥ:- ਮੇਰਾ ਪ੍ਰਭੂ ਬੜੇ ਗੂੜ੍ਹੇ ਪ੍ਰੇਮ-ਰੰਗ ਵਾਲਾ ਹੈ ਬੜਾ ਸੋਹਣਾ ਹੈ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਸਭ ਦਾ ਪਿਆਰਾ ਹੈ, ਸਭ ਦੇ ਮਨ ਨੂੰ ਮੋਹਣ ਵਾਲਾ ਹੈ, ਪ੍ਰੇਮ ਦਾ ਸੋਮਾ ਹੈ, ਪ੍ਰੇਮ ਦੇ ਗੂੜ੍ਹੇ ਲਾਲ ਰੰਗ ਵਿਚ ਰੰਗਿਆ ਹੋਇਆ ਹੈ।1। ਰਹਾਉ।

(ਜੀਵਾਂ ਦੇ ਮਨਾਂ ਉਤੇ ਪ੍ਰੇਮ ਦਾ) ਰੰਗ ਚਾੜ੍ਹਨ ਵਾਲਾ (ਪ੍ਰੇਮ ਦੇ ਸੋਮੇ ਪਰਮਾਤਮਾ ਤੋਂ ਬਿਨਾ) ਕੋਈ ਹੋਰ ਨਹੀਂ ਹੈ, (ਉਸੇ ਦੀ ਮੇਹਰ ਨਾਲ) ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ (ਵੱਸਦਾ) ਵੇਖ ਕੇ ਜੀਵ ਦਾ ਮਨ ਉਸ ਦੇ ਪ੍ਰੇਮ-ਰੰਗ ਨੂੰ ਕਬੂਲ ਕਰ ਲੈਂਦਾ ਹੈ। (ਪ੍ਰੇਮ ਦਾ ਸੋਮਾ) ਪ੍ਰਭੂ ਦਿਨ ਰਾਤ ਗਹੁ ਨਾਲ ਜੀਵਾਂ ਦੀ ਸੰਭਾਲ ਕਰਦਾ ਹੈ, ਉਸੇ ਦੀ ਹੀ ਸਾਰੀ ਸ੍ਰਿਸ਼ਟੀ ਵਿਚ ਬਾਦਸ਼ਾਹੀ ਹੈ (ਪ੍ਰੇਮ ਦੀ ਦਾਤਿ ਉਸ ਦੇ ਆਪਣੇ ਹੀ ਹੱਥ ਵਿਚ ਹੈ)।1।

ਨਾਮ-ਅੰਮ੍ਰਿਤ ਦਾ ਸੋਮਾ ਪਰਮਾਤਮਾ ਸਭ ਤੋਂ ਉੱਚਾ ਹੈ; ਉੱਚੀ ਬ੍ਰਿਤੀ ਵਾਲਾ ਜੀਵ ਹੀ (ਉਸ ਦੀ ਮੇਹਰ ਨਾਲ) ਨਾਮ-ਅੰਮ੍ਰਿਤ ਪੀ ਸਕਦਾ ਹੈ। ਨਾਮ-ਅੰਮ੍ਰਿਤ ਪਿਲਾਣ ਦਾ ਤਰੀਕਾ (ਭੀ) ਉਹ ਪਰਮਾਤਮਾ ਆਪ ਹੀ ਜਾਣਦਾ ਹੈ ਜਿਸ ਦੀ ਰਚੀ ਹੋਈ ਇਹ ਸ੍ਰਿਸ਼ਟੀ ਹੈ। (ਉਸ ਤਰੀਕੇ ਅਨੁਸਾਰ ਪ੍ਰਭੂ ਦੀ ਮੇਹਰ ਨਾਲ) ਜੀਵ ਗੁਰੂ ਦੀ ਸਰਨ ਪੈ ਕੇ ਪ੍ਰਭੂ ਨਾਲ ਡੂੰਘੀ ਸਾਂਝ ਪਾਂਦਾ ਹੈ ਤੇ ਉਸ ਦੇ ਗੁਣਾਂ ਦੀ ਵਿਚਾਰ ਕਰਦਾ ਹੈ।2।

ਜਿਵੇਂ ਸੂਰਜ ਦੀਆਂ ਕਿਰਨਾਂ ਖਿਲਰਿਆਂ ਕੌਲ ਫੁਲ ਖਿੜ ਪੈਂਦੇ ਹਨ ਤਿਵੇਂ ਪ੍ਰਭੂ ਦੀ ਜੋਤਿ-ਕਿਰਨ ਦਾ ਪ੍ਰਕਾਸ਼

ਹੋਇਆਂ ਮਨੁੱਖ ਦਾ ਮਨ ਨਾਮ-ਅੰਮ੍ਰਿਤ ਦੇ ਰਸ ਨਾਲ ਖਿੜ ਪੈਂਦਾ ਹੈ (ਮਨ ਸ਼ਾਂਤ ਅਵਸਥਾ ਪ੍ਰਾਪਤ ਕਰ ਲੈਂਦਾ ਹੈ, ਤੇ ਉਸ) ਸ਼ਾਂਤ ਅਵਸਥਾ ਵਿਚ ਮਨੁੱਖ ਦਾ ਤਾਮਸੀ ਸੁਭਾਉ ਸਮਾ ਜਾਂਦਾ ਹੈ। ਮਨੁੱਖ ਮੌਤ ਦੇ ਡਰ ਨੂੰ ਮੁਕਾ ਕੇ ਮਾਇਕ ਫੁਰਨੇ ਆਪਣੇ ਮਨ ਵਿਚ ਹੀ ਮਾਰ ਦੇਂਦਾ ਹੈ, ਤੇ ਗੁਰੂ ਦੀ ਮੇਹਰ ਨਾਲ ਪਰਮਾਤਮਾ ਨੂੰ (ਆਪਣੇ ਅੰਦਰ ਹੀ) ਲੱਭ ਲੈਂਦਾ ਹੈ।3।

ਜਿਨ੍ਹਾਂ ਮਨੁੱਖਾਂ ਦੀ ਜੀਭ ਪ੍ਰੇਮ ਦੇ ਸੋਮੇ ਪ੍ਰਭੂ ਵਿਚ ਪ੍ਰਭੂ ਦੇ ਗੂੜ੍ਹੇ ਪਿਆਰ-ਰੰਗ ਵਿਚ ਰੰਗੀ ਜਾਂਦੀ ਹੈ, ਉਹਨਾਂ ਨੂੰ ਮਾਇਆ ਦੇ ਮੋਹ ਦਾ ਰੰਗ ਪੋਹ ਨਹੀਂ ਸਕਦਾ।

ਹੇ ਨਾਨਕ! ਜਿਨ੍ਹਾਂ ਨੇ ਜੀਭ ਨੂੰ ਨਾਮ-ਰਸ ਨਾਲ ਰਸਾਇਆ ਹੈ, ਉਹ ਪ੍ਰਭੂ-ਪ੍ਰੇਮ ਵਿਚ ਰੱਤੇ ਗਏ ਹਨ, ਉਹਨਾਂ ਨੂੰ ਪਰਮਾਤਮਾ ਹਰ ਥਾਂ ਵਿਆਪਕ ਦਿੱਸਦਾ ਹੈ।4।15।